# ਦਫ਼ਤਰ ਜਿਲ੍ਹਾ ਮੈਜਿਸਟਰੇਟ,ਬਰਨਾਲਾ

(ਐਮ.ਏ.ਸ਼ਾਖਾ)

**ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਹੁਕਮ ਜਿਲ੍ਹਾ ਬਰਨਾਲਾ**

**ਹੁਕਮ ਨੰ:** ੨੦੨ **/ਐਮ.ਏ.** **ਮਿਤੀ:** 12/04 /2019

## ਹੁਕਮ

ਮੇਰੇ ਧਿਆਨ ਵਿੱਚ ਆਇਆ ਹੈ ਕਿ 2 ਪਹੀਆ ਵਾਹਨਾਂ ਦੇ ਚਾਲਕ ਅਤੇ ਉਸਦੇ ਪਿੱਛੇ ਬੈਠੀ ਸਵਾਰੀ ਮੂੰਹ ਢੱਕ ਕੇ ਘੁੰਮਦੇ ਹਨ, ਜਿਸ ਨਾਲ ਉਹਨਾਂ ਦੀ ਪਹਿਚਾਣ ਕਰਨਾ ਮੁਸ਼ਕਿਲ ਹੋ ਜਾਂਦਾ ਹੈ ਅਤੇ ਇਸ ਤਰ੍ਹਾਂ ਚਿਹਰਾ ਢੱਕਣ ਨਾਲ ਸਮਾਜ ਵਿਰੋਧੀ ਅਨਸਰ ਕਿਸੇ ਵੀ ਸੰਗੀਨ ਵਾਰਦਾਤ ਨੂੰ ਅੰਜਾਮ ਦੇਕੇ ਪੁਲਿਸ ਦੀ ਪਕੜ ਤੋਂ ਬਚ ਸਕਦੇ ਹਨ। ਮੇਰੇ ਧਿਆਨ ਵਿੱਚ ਪੁਲਿਸ ਅਧਿਕਾਰੀਆਂ ਵੱਲੋਂ ਇਹ ਵੀ ਲਿਆਂਦਾ ਗਿਆ ਹੈ ਕਿ Chain Snatching ਵੀ ਤਕਰੀਬਨ ਇਸੇ ਤਰ੍ਹਾਂ ਕੀਤੀ ਜਾਂਦੀ ਹੈ। ਇਸ ਪ੍ਰਕਿਰਿਆ ਨੂੰ ਰੋਕਣ ਲਈ ਪਬਲਿਕ ਹਿੱਤ ਵਿੱਚ ਅਤੇ ਆਮ ਜਨਤਾ ਦੀ ਜਾਨ-ਮਾਲ ਦੀ ਰਾਖੀ ਅਤੇ ਸੁਰੱਖਿਆ ਨੂੰ ਯਕੀਨੀ ਬਨਾਉਣ ਲਈ ਵਿਸ਼ੇਸ਼ ਕਦਮ ਚੁੱਕਣ ਦੀ ਜਰੂਰਤ ਹੈ।

ਇਸ ਲਈ ਮੈਂ, **ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ., ਜਿਲ੍ਹਾ ਮੈਜਿਸਟਰੇਟ, ਬਰਨਾਲਾ** ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ **ਜਿਲ੍ਹਾ ਬਰਨਾਲਾ ਦੀ ਹਦੂਦ ਅੰਦਰ 2 ਪਹੀਆ ਵਾਹਨਾਂ ਦੇ ਚਾਲਕ ਅਤੇ ਉਸਦੇ ਪਿਛੇ ਬੈਠੀ ਸਵਾਰੀ ਵੱਲੋਂ ਮੂੰਹ ਢੱਕ ਕੇ ਘੁੰਮਣ ਉੱਤੇ ਪੂਰਨ ਤੌਰ ਤੇ ਪਾਬੰਦੀ ਲਗਾਉਣ ਦਾ ਹੁਕਮ ਜਾਰੀ ਕਰਦਾ ਹਾਂ।**

**ਸੀਨੀਅਰ ਕਪਤਾਨ ਪੁਲਿਸ, ਬਰਨਾਲਾ ਇਸ ਹੁਕਮ ਦੀ ਇੰਨ-ਬਿੰਨ ਪਾਲਣਾ ਕਰਵਾਉਣ ਲਈ ਜਿੰਮੇਵਾਰ ਹੋਣਗੇ।**

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕਤਰਫਾ ਪਾਸ ਕਰਕੇ ਆਮ ਪਬਲਿਕ ਦੇ ਨਾਮ ਜਾਰੀ ਕੀਤਾ ਜਾਂਦਾ ਹੈ। ਇਹ ਹੁਕਮ ਜਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ ਵੱਲੋਂ ਪ੍ਰਚਾਰ ਗੱਡੀ ਰਾਹੀਂ ਮੁਨਾਦੀ ਕਰਵਾਕੇ ਤੇ ਪ੍ਰੈਸ ਨੋਟ ਜਾਰੀ ਕਰਕੇ ਅਤੇ ਇਸ ਹੁਕਮ ਦੀਆਂ ਕਾਪੀਆਂ ਸਾਰੇ ਸਰਕਾਰੀ/ਪ੍ਰਾਈਵੇਟ ਦਫ਼ਤਰਾਂ ਦੇ ਨੋਟਿਸ ਬੋਰਡਾਂ ਅਤੇ ਜਿਲ੍ਹਾ ਪੱਧਰ ਦੀਆਂ ਨੁਮਾਇਆ ਥਾਵਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

**ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ, ਜੋ ਮਿਤੀ: 15/04/2019 ਤੋਂ ਲੈਕੇ ਮਿਤੀ: 14/06/2019 ਤੱਕ ਜਿਲ੍ਹਾ ਬਰਨਾਲਾ ਅੰਦਰ ਲਾਗੂ ਰਹੇਗਾ।**

ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ.
ਜਿਲ੍ਹਾ ਮੈਜਿਸਟਰੇਟ, ਬਰਨਾਲਾ।

ਪਿੱ:ਅੰ:ਨੰ: 5251-5305 /ਐਮ.ਏ. ਮਿਤੀ: 12/04 /2019

ਉਪਰੋਕਤ ਦਾ ਉਤਾਰਾ ਨਿਮਨਲਿਖਤ ਪਾਸ ਸੂਚਨਾਂ ਤੇ ਲੋੜੀਂਦੀ ਕਾਰਵਾਈ ਹਿੱਤ ਘੱਲਿਆ ਜਾਂਦਾ ਹੈ:-

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਿੰਸੀਪਲ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਚੰਡੀਗੜ੍ਹ।
3) ਕਮਿਸ਼ਨਰ ਪਟਿਆਲਾ ਮੰਡਲ, ਪਟਿਆਲਾ।
4) ਸਕੱਤਰ ਪੰਜਾਬ ਸਰਕਾਰ, ਟਰਾਂਸਪੋਰਟ ਵਿਭਾਗ, ਚੰਡੀਗੜ੍ਹ।
5) ਡੀ.ਆਈ.ਜੀ (ਸੀ.ਆਈ.ਡੀ) ਪੰਜਾਬ, ਚੰਡੀਗੜ੍ਹ/ ਡੀ.ਆਈ.ਜੀ, ਪੁਲਿਸ ਰੇਂਜ ਪਟਿਆਲਾ।
6) ਜਿਲ੍ਹਾ ਮੈਜਿਸਟਰੇਟ ਫਰੀਦਕੋਟ/ਫਿਰੋਜਪੁਰ/ਲੁਧਿਆਣਾ/ਜਲੰਧਰ/ਅੰਮ੍ਰਿਤਸਰ/ਕਪੂਰਥਲਾ/ਹੁਸ਼ਿਆਰਪੁਰ/ਪਟਿਆਲਾ/ਮਾਨਸਾ/ਮੁਕਤਸਰ/ਮੋਗਾ/ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ)/ਫਤਿਹਗੜ੍ਹ ਸਾਹਿਬ/ਸੰਗਰੂਰ/ਗੁਰਦਾਸਪੁਰ/ਫਾਜਿਲਕਾ/ਪਠਾਨਕੋਟ/ਰੂਪਨਗਰ/ਬਠਿੰਡਾ/ਅਜੀਤਗੜ੍ਹ(ਐਸ.ਏ.ਐਸ.ਨਗਰ-ਮੋਹਾਲੀ)/ਤਰਨਤਾਰਨ।
7) ਜਿਲ੍ਹਾ ਅਤੇ ਸ਼ੈਸ਼ਨ ਜੱਜ, ਬਰਨਾਲਾ।
8) ਸੀਨੀਅਰ ਕਪਤਾਨ ਪੁਲਿਸ, ਬਰਨਾਲਾ।
9) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਬਰਨਾਲਾ।
10) ਜਿਲ੍ਹਾ ਅਟਾਰਨੀ (ਲੀਗਲ), ਬਰਨਾਲਾ।
11) ਇੰਚਾਰਜ, ਟਰੈਫਿਕ ਪੁਲਿਸ, ਬਰਨਾਲਾ।
12) ਜਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ, ਬਰਨਾਲਾ/ਜਿਲ੍ਹਾ ਮਾਲ ਅਫ਼ਸਰ, ਬਰਨਾਲਾ।
13) ਉਪ ਮੰਡਲ ਮੈਜਿਸਟਰੇਟ, ਬਰਨਾਲਾ/ਤਪਾ।
14) ਤਹਿਸੀਲਦਾਰ ਬਰਨਾਲਾ/ਤਪਾ ਅਤੇ ਨਾਇਬ ਤਹਿਸੀਲਦਾਰ ਬਰਨਾਲਾ/ਤਪਾ/ਭਦੌੜ/ਧਨੌਲਾ/ਮਹਿਲਕਲਾਂ।
15) ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ (ਬੀ.ਡੀ.ਪੀ.ਓ.), ਬਰਨਾਲਾ/ਸ਼ਹਿਣਾ/ਮਹਿਲਕਲਾਂ।
16) ਕਾਰਜ ਸਾਧਕ ਅਫਸਰ, ਨਗਰ ਕੌਂਸਲ ਬਰਨਾਲਾ/ਧਨੌਲਾ/ਤਪਾ/ਭਦੌੜ ਅਤੇ ਨਗਰ ਪੰਚਾਇਤ ਹੰਡਿਆਇਆ।
17) ਜਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ ਪਾਸ ਭੇਜਕੇ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਆਪਣੇ ਪੱਧਰ ਤੇਂ ਪ੍ਰੈਸ ਨੋਟ ਜਾਰੀ ਕੀਤਾ ਜਾਵੇ ਅਤੇ ਪ੍ਰਚਾਰ/ਮੁਨਾਦੀ ਕਰਕੇ ਰਿਪੋਰਟ ਭੇਜਣਗੇ।
18) ਪੀ.ਏ.ਟੂ ਡੀ.ਐਮ./ਸਟੈਨੋਗਰਾਫਰ ਟੂ ਏ.ਡੀ.ਐਮ./ਏ.ਸੀ.(ਜ/ਸ਼ਿਕ) ਦਫ਼ਤਰ ਹਜਾ ਪਾਸ ਅਫਸਰਾਨ ਸਾਹਿਬਾਨ ਦੀ ਜਾਣਕਾਰੀ ਹਿੱਤ।

ਜਿਲ੍ਹਾ ਮੈਜਿਸਟਰੇਟ
ਬਰਨਾਲਾ।